**ਸਾਰੰਗ ਕਬੀਰ ਜੀਉ ॥ ੧ਓ ਸਤਿਗੁਰ ਪ੍ਰਸਾਦਿ ॥ ਹਰਿ ਬਿਨੁ ਕਉਨੁ ਸਹਾਈ ਮਨ ਕਾ ॥ ਮਾਤ ਪਿਤਾ ਭਾਈ ਸੁਤ ਬਨਿਤਾ ਹਿਤੁ ਲਾਗੋ ਸਭ ਫਨ ਕਾ ॥੧॥ ਰਹਾਉ ॥ ਆਗੇ ਕਉ ਕਿਛੁ ਤੁਲਹਾ ਬਾਂਧਹੁ ਕਿਆ ਭਰਵਾਸਾ ਧਨ ਕਾ ॥ ਕਹਾ ਬਿਸਾਸਾ ਇਸ ਭਾਂਡੇ ਕਾ ਇਤਨਕੁ ਲਾਗੈ ਠਨਕਾ ॥੧॥ ਸਗਲ ਧਰਮ ਪੁੰਨ ਫਲ ਪਾਵਹੁ ਧੂਰਿ ਬਾਂਛਹੁ ਸਭ ਜਨ ਕਾ ॥ ਕਹੈ ਕਬੀਰੁ ਸੁਨਹੁ ਰੇ ਸੰਤਹੁ ਇਹੁ ਮਨੁ ਉਡਨ ਪੰਖੇਰੂ ਬਨ ਕਾ ॥੨॥੧॥੯॥** {ਪੰਨਾ 1253}

ਪਦ ਅਰਥ:- ਸੁਤ—ਪੁੱਤਰ। ਬਨਿਤਾ—ਵਹੁਟੀ। ਹਿਤੁ—ਮੋਹ। ਫਨ—ਛਲ।1। ਰਹਾਉ।

ਆਗੇ ਕਉ—ਅਗਲੇ ਆਉਣ ਵਾਲੇ ਜੀਵਨ ਲਈ। ਤੁਲਹਾ—ਬੇੜਾ। ਬਿਸਾਸਾ—ਇਤਬਾਰ। ਭਾਂਡਾ—ਸਰੀਰ। ਠਨਕਾ—ਠੇਡਾ, ਠੋਕਰ।1।

ਜਨ—ਸੇਵਕ, ਭਗਤ। ਸਭ ਜਨ—ਸਤ-ਸੰਗੀ (Plural)। ਪੰਖੇਰੂ—ਪੰਛੀ।2।

ਅਰਥ:- ਪਰਮਾਤਮਾ ਤੋਂ ਬਿਨਾ ਕੋਈ ਹੋਰ ਇਸ ਮਨ ਦੀ ਸਹਾਇਤਾ ਕਰਨ ਵਾਲਾ ਨਹੀਂ ਹੋ ਸਕਦਾ। ਮਾਂ, ਪਿਉ, ਭਰਾ, ਪੁੱਤਰ, ਵਹੁਟੀ—ਇਹਨਾਂ ਸਭਨਾਂ ਨਾਲ ਜੋ ਮੋਹ ਪਾਇਆ ਹੋਇਆ ਹੈ, ਇਹ ਛਲ ਨਾਲ ਹੀ ਮੋਹ ਪਾਇਆ ਹੈ (ਭਾਵ; ਇਹ ਮੋਹ ਅਜਿਹੇ ਪਦਾਰਥਾਂ ਨਾਲ ਹੈ ਜੋ ਛਲ ਹੀ ਹਨ, ਸਦਾ ਨਾਲ ਨਿੱਭਣ ਵਾਲੇ ਨਹੀਂ ਹਨ)।1। ਰਹਾਉ।

(ਹੇ ਭਾਈ!) ਇਸ ਧਨ ਦਾ (ਜੋ ਤੂੰ ਖੱਟਿਆ ਕਮਾਇਆ ਹੈ) ਕੋਈ ਇਤਬਾਰ ਨਹੀਂ (ਕਿ ਕਦੋਂ ਨਾਸ ਹੋ ਜਾਏ, ਸੋ) ਅਗਾਂਹ ਵਾਸਤੇ ਕੋਈ ਹੋਰ (ਭਾਵ, ਨਾਮ ਧਨ ਦਾ) ਬੇੜਾ ਬੰਨ੍ਹੋ। (ਧਨ ਤਾਂ ਕਿਤੇ ਰਿਹਾ) ਇਸ ਸਰੀਰ ਦਾ ਭੀ ਕੋਈ ਵਿਸਾਹ ਨਹੀਂ, ਇਸ ਨੂੰ ਰਤਾ ਕੁ ਜਿਤਨੀ ਠੋਕਰ ਲੱਗੇ (ਤਾਂ ਢਹਿ-ਢੇਰੀ ਹੋ ਜਾਂਦਾ ਹੈ)।1।

ਹੇ ਸੰਤ ਜਨੋ! (ਜਦ ਮੰਗੋ) ਗੁਰਮੁਖਾਂ (ਦੇ ਚਰਨਾਂ) ਦੀ ਧੂੜ ਮੰਗੋ, (ਇਸੇ ਵਿਚੋਂ) ਸਾਰੇ ਧਰਮਾਂ ਤੇ ਪੁੰਨਾਂ ਦੇ ਫਲ ਮਿਲਣਗੇ। ਕਬੀਰ ਆਖਦਾ ਹੈ—ਹੇ ਸੰਤ ਜਨੋ! ਸੁਣੋ, ਇਹ ਮਨ ਇਉਂ ਹੈ ਜਿਵੇਂ ਜੰਗਲ ਦਾ ਕੋਈ ਉਡਾਰੂ ਪੰਛੀ (ਇਸ ਨੂੰ ਟਿਕਾਣ ਲਈ ਗੁਰਮੁਖਾਂ ਦੀ ਸੰਗਤ ਵਿਚ ਲਿਆਉ)।2।1।6।

ਨੋਟ:- ਇਹ ਗੱਲ ਵਿਚਾਰ-ਜੋਗ ਹੈ ਕਿ ਕਬੀਰ ਜੀ ਦਾ ਇਹ ਸ਼ਬਦ ਅਖ਼ੀਰ ਤੇ ਵੱਖਰਾ ਕਿਉਂ ਦਰਜ ਕੀਤਾ ਗਿਆ ਹੈ।

ਸ਼ਬਦ ਦਾ ਭਾਵ:- ਦੁਨੀਆ ਵਾਲਾ ਸਾਥ ਸਦਾ ਨਹੀਂ ਨਿੱਭਦਾ। ਸਰੀਰ ਭੀ ਇੱਥੇ ਹੀ ਰਹਿ ਜਾਂਦਾ ਹੈ।

ਸਾਧ ਸੰਗ ਵਿਚ ਪ੍ਰਭੂ ਦਾ ਭਜਨ ਕਰੋ, ਇਹੀ ਹੈ ਸਦਾ-ਸਹਾਈ।